www.BibleForChildren.org

ਮੱਤੀ 8



ਤੀਸਰੇ ਦਿਨ ਗਲੀਲ ਦੇ ਨਗਰ ਕਾਨਾ ਵਿੱਚ ਇੱਕ ਵਿਆਹ ਸੀ, ਯਿਸੂ ਦੀ ਮਾਤਾ ਉੱਥੇ ਸੀ। ਯਿਸੂ ਅਤੇ ਉਸ ਦੇ ਚੇਲਿਆਂ ਨੂੰ ਵੀ ਵਿਆਹ ਦਾ ਸੱਦਾ ਦਿੱਤਾ ਗਿਆ ਸੀ।



ਉੱਥੇ ਅੰਗੂਰਾਂ ਦਾ ਰਸ ਮੁੱਕ ਗਿਆ, ਯਿਸੂ ਦੀ ਮਾਤਾ ਨੇ ਉਸ ਨੂੰ ਆਖਿਆ, “ਇਨ੍ਹਾਂ ਕੋਲ ਹੋਰ ਅੰਗੂਰਾਂ ਦਾ ਰਸ ਨਹੀਂ ਹੈ।” ਯਿਸੂ ਦੀ ਮਾਤਾ ਨੇ ਸੇਵਕਾਂ ਨੂੰ ਆਖਿਆ, “ਉਸੇ ਤਰ੍ਹਾਂ ਹੀ ਕਰੋ ਜਿਵੇਂ ਉਹ ਤੁਹਾਨੂੰ ਕਰਨ ਲਈ ਆਖੇ।”



ਯਿਸੂ ਨੇ ਉਨ੍ਹਾਂ ਸੇਵਕਾਂ ਨੂੰ ਆਖਿਆ, “ਇਨ੍ਹਾਂ ਮੱਟਾਂ ਨੂੰ ਜਲ ਨਾਲ ਭਰ ਦਿਓ।” ਉਨ੍ਹਾਂ ਨੇ ਮੱਟਾਂ ਨੂੰ ਜਲ ਨਾਲ ਨਕੋ-ਨੱਕ ਭਰ ਦਿੱਤਾ। ਫਿਰ ਯਿਸੂ ਨੇ ਸੇਵਕਾਂ ਨੂੰ ਆਖਿਆ, “ਹੁਣ ਕੁਝ ਪਾਣੀ ਕੱਢੋ ਅਤੇ ਦਾਅਵਤ ਦੇ ਮੁਖੀ ਨੂੰ ਦੇ ਦਿਉ।” ਸੋ ਉਨ੍ਹਾਂ ਸੇਵਕਾਂ ਨੇ ਪਾਣੀ ਲਿਆ ਅਤੇ ਉਸ ਨੂੰ ਦੇ ਦਿੱਤਾ।



ਉਸ ਨੇ ਉਸ ਪਾਣੀ ਨੂੰ ਚੱਖ ਕੇ ਵੇਖਿਆ, ਉਹ ਅੰਗੂਰਾਂ ਦਾ ਰਸ ਬਣ ਚੁੱਕਾ ਸੀ।
ਉਸ ਨੂੰ ਪਤਾ ਨਹੀਂ ਸੀ ਕਿ ਅੰਗੂਰਾਂ ਦਾ ਰਸ ਕਿੱਥੋਂ ਆਇਆ ਹੈ। ਪਰ ਜਿਨ੍ਹਾਂ
ਸੇਵਕਾਂ ਨੇ ਪਾਣੀ ਲਿਆਂਦਾ
ਸੀ ਉਹ ਇਸ ਬਾਰੇ ਜਾਣਦੇ ਸਨ।



ਦਾਅਵਤ ਦੇ ਪਰਧਾਨ ਨੇ ਲਾੜੇ ਨੂੰ ਸੱਦਿਆ। ਅਤੇ ਉਸ ਨੂੰ ਆਖਿਆ, “ਹਮੇਸ਼ਾਂ ਲੋਕ ਪਹਿਲਾਂ ਚੰਗਾ ਰਸ ਦਿੰਦੇ ਹਨ, ਜਦੋਂ ਮਹਿਮਾਨ ਜ਼ਿਆਦਾ ਹੁੰਦੇ ਹਨ, ਫ਼ੇਰ ਉਹ ਮਾੜਾ ਰਸ ਦਿੰਦੇ ਹਨ। ਪਰ ਤੁਸੀਂ ਹੁਣ ਤੱਕ ਵਧੀਆ ਅੰਗੂਰੀ ਰਸ ਰੱਖ ਲਿਆ ਹੈ।”



ਇਹ ਪਹਿਲਾ ਚਮਤਕਾਰ ਸੀ ਜੋ ਯਿਸੂ ਨੇ ਕੀਤਾ। ਅਤੇ ਇਹ ਗਲੀਲ ਦੇ ਨਗਰ ਕਾਨਾ ਵਿੱਚ ਕੀਤਾ ਗਿਆ ਸੀ। ਇਉਂ ਯਿਸੂ ਨੇ ਆਪਣੀ ਮਹਿਮਾ ਪ੍ਰਗਟਾਈ। ਉਸ ਦੇ ਚੇਲਿਆਂ ਨੇ ਉਸ ਉੱਤੇ ਵਿਸ਼ਵਾਸ ਕੀਤਾ।



ਯਿਸੂ ਨੇ ਪਤਰਸ ਦੇ ਘਰ ਵਿੱਚ ਆ ਕੇ ਉਸ ਦੀ ਸੱਸ ਨੂੰ
ਬੁਖ਼ਾਰ ਨਾਲ ਬਿਮਾਰ ਪਈ ਵੇਖਿਆ।



ਅਤੇ ਉਸ ਨੇ ਉਹ ਦਾ ਹੱਥ ਛੂਹਿਆ ਅਤੇ ਉਹ ਦਾ ਬੁਖ਼ਾਰ
ਉਤਰ ਗਿਆ ਅਤੇ ਉਹ ਨੇ ਉੱਠ ਕੇ ਉਸ ਦੀ ਸੇਵਾ ਕੀਤੀ।



ਅਤੇ ਸ਼ਾਮ ਨੂੰ ਜਦੋਂ ਸੂਰਜ ਡੁੱਬ ਗਿਆ ਤਾਂ ਲੋਕ ਸਾਰੇ ਰੋਗੀਆਂ ਅਤੇ ਜਿਨ੍ਹਾਂ ਨੂੰ ਭੂਤ ਚਿੰਬੜੇ ਹੋਏ ਸਨ, ਉਸ ਕੋਲ ਲਿਆਏ। ਅਤੇ ਸਾਰਾ ਨਗਰ ਦਰਵਾਜ਼ੇ ਉੱਤੇ ਇਕੱਠਾ ਹੋਇਆ।



ਅਤੇ ਉਸ ਨੇ ਬਹੁਤਿਆਂ ਨੂੰ ਜਿਹੜੇ ਭਾਂਤ-ਭਾਂਤ ਦੇ ਰੋਗੀ ਸਨ, ਚੰਗਾ ਕੀਤਾ ਅਤੇ ਬਹੁਤ ਸਾਰੇ ਭੂਤਾਂ ਨੂੰ ਕੱਢ ਦਿੱਤਾ ਅਤੇ ਭੂਤਾਂ ਨੂੰ ਬੋਲਣ ਨਾ ਦਿੱਤਾ ਕਿਉਂ ਜੋ ਉਹ ਉਸ ਨੂੰ ਪਛਾਣਦੀਆਂ ਸਨ।



ਅਤੇ ਸਾਰੇ ਲੋਕ ਉਸ ਨੂੰ ਛੂਹਣਾ ਚਾਹੁੰਦੇ ਸਨ ਇਸ ਲਈ ਜੋ ਸਮਰੱਥਾ ਉਸ ਤੋਂ ਨਿੱਕਲ ਕੇ ਸਭਨਾਂ ਨੂੰ ਚੰਗਾ ਕਰਦੀ ਸੀ।



ਅਤੇ ਲੋਕ ਇੱਕ ਅਧਰੰਗੀ ਨੂੰ ਚਾਰ ਮਨੁੱਖਾਂ ਕੋਲੋਂ
ਚੁਕਵਾ ਕੇ ਉਸ ਦੇ ਕੋਲ ਲਿਆਏ।



ਅਤੇ ਜਦੋਂ ਉਹ ਭੀੜ ਕਰਕੇ ਉਹ ਦੇ ਨੇੜੇ ਨਾ ਆ
ਸਕੇ ਤਾਂ ਉਨ੍ਹਾਂ ਨੇ ਉਸ ਛੱਤ ਨੂੰ ਜਿੱਥੇ ਉਹ ਸੀ
ਉਧੇੜਿਆ ਅਤੇ ਉਸ ਮੰਜੀ ਨੂੰ ਜਿਸ
ਦੇ ਉੱਤੇ ਉਹ ਅਧਰੰਗੀ ਪਿਆ ਸੀ,
ਹੇਠਾਂ ਉਸ ਦੇ ਕੋਲ ਉਤਾਰ ਦਿੱਤਾ।



ਅਤੇ ਯਿਸੂ ਨੇ ਉਨ੍ਹਾਂ ਦਾ
ਵਿਸ਼ਵਾਸ ਵੇਖ ਕੇ ਉਸ
ਅਧਰੰਗੀ ਨੂੰ ਕਿਹਾ, ਹੇ
ਪੁੱਤਰ ਤੇਰੇ ਪਾਪ ਮਾਫ਼
ਹੋਏ। ਮੈਂ ਤੈਨੂੰ ਕਹਿੰਦਾ ਹਾਂ,
ਉੱਠ, ਆਪਣੀ ਮੰਜੀ ਚੁੱਕ
ਕੇ ਘਰ ਚੱਲਿਆ ਜਾ।



ਜਦੋਂ ਉਹ ਬੇੜੀ ਉੱਤੇ ਚੜ੍ਹਿਆ ਤਾਂ ਉਸ ਦੇ ਚੇਲੇ ਉਹ ਦੇ ਮਗਰ ਆਏ। ਅਤੇ ਵੇਖੋ
ਝੀਲ ਵਿੱਚ ਵੱਡਾ ਤੂ਼ਫ਼ਾਨ ਆਇਆ ਜੋ
ਬੇੜੀ ਲਹਿਰਾਂ ਵਿੱਚ ਡੁੱਬਦੀ ਜਾਂਦੀ ਸੀ
ਪਰ ਉਹ ਸੁੱਤਾ ਪਿਆ ਸੀ।



ਉਹ ਨੇ ਉਨ੍ਹਾਂ ਨੂੰ ਆਖਿਆ, ਹੇ ਥੋੜ੍ਹੇ ਵਿਸ਼ਵਾਸ ਵਾਲਿਓ ਤੁਸੀਂ ਕਿਉਂ ਡਰਦੇ ਹੋ? ਫਿਰ ਉਸ ਨੇ ਉੱਠ ਕੇ ਤੂਫ਼ਾਨ ਅਤੇ ਝੀਲ ਨੂੰ ਝਿੜਕਿਆ ਅਤੇ ਵੱਡੀ ਸ਼ਾਂਤੀ ਹੋ ਗਈ। ਉਹ ਹੈਰਾਨ ਹੋ ਕੇ ਬੋਲੇ ਜੋ ਇਹ ਕਿਹੋ ਜਿਹਾ ਮਨੁੱਖ ਹੈ ਕਿ ਤੂਫ਼ਾਨ ਅਤੇ ਝੀਲ ਵੀ ਉਹ ਦੀ ਮੰਨਦੇ ਹਨ?!



ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ
ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ
ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ
ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ
ਜੀਵਨ ਪ੍ਰਾਪਤ ਕਰੇ।

ਰੋਮੀਆਂ 3:23 ਕਿਉਂਕਿ ਸਭਨਾਂ ਨੇ ਪਾਪ ਕੀਤਾ ਅਤੇ ਪਰਮੇਸ਼ੁਰ ਦੀ ਮਹਿਮਾ ਤੋਂ ਰਹਿਤ ਹਨ।

ਰੋਮੀਆਂ 6:23 ਕਿਉਂਕਿ ਪਾਪ ਦੀ ਮਜ਼ਦੂਰੀ ਤਾਂ ਮੌਤ ਹੈ, ਪਰ ਪਰਮੇਸ਼ੁਰ ਦਾ ਵਰਦਾਨ ਸਾਡੇ ਪ੍ਰਭੂ ਮਸੀਹ ਯਿਸੂ ਵਿੱਚ ਸਦੀਪਕ ਜੀਵਨ ਹੈ।

ਇਬਰਾਨੀ 9:27 ਅਤੇ ਜਿਵੇਂ ਮਨੁੱਖਾਂ ਲਈ ਇੱਕ ਵਾਰ ਮਰਨਾ ਠਹਿਰਾਇਆ ਹੋਇਆ ਹੈ ਅਤੇ ਉਹ ਦੇ ਪਿੱਛੋਂ ਨਿਆਂ ਹੁੰਦਾ ਹੈ।

ਅਫ਼ਸੀਆਂ 2:8,9 ਕਿਉਂ ਜੋ ਤੁਸੀਂ ਕਿਰਪਾ ਤੋਂ ਵਿਸ਼ਵਾਸ ਦੇ ਰਾਹੀਂ ਬਚਾਏ ਗਏ ਅਤੇ ਇਹ ਤੁਹਾਡੀ ਵੱਲੋਂ ਨਹੀਂ, ਇਹ ਪਰਮੇਸ਼ੁਰ ਦੀ ਦਾਤ ਹੈ!
ਇਹ ਕਰਮਾਂ ਤੋਂ ਨਹੀਂ ਅਜਿਹਾ ਨਾ ਹੋਵੇ ਕਿ ਕੋਈ ਘਮੰਡ ਕਰੇ!

ਰੋਮੀਆਂ 10:9,10 ਕਿਉਂਕਿ ਜੇ ਤੂੰ ਆਪਣੇ ਮੂੰਹ ਨਾਲ ਪ੍ਰਭੂ ਯਿਸੂ ਦਾ ਇਕਰਾਰ ਕਰੇਂ ਅਤੇ ਆਪਣੇ ਦਿਲ ਨਾਲ ਮੰਨ ਲਵੇਂ ਜੋ ਪਰਮੇਸ਼ੁਰ ਨੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਹੈ, ਤਾਂ ਤੂੰ ਜ਼ਰੂਰ ਬਚਾਇਆ ਜਾਵੇਂਗਾ।
ਧਾਰਮਿਕਤਾ ਦੇ ਲਈ ਤਾਂ ਦਿਲ ਨਾਲ ਵਿਸ਼ਵਾਸ ਕੀਤਾ ਜਾਂਦਾ ਅਤੇ
ਮੁਕਤੀ ਲਈ ਮੂੰਹ ਨਾਲ ਇਕਰਾਰ ਕੀਤਾ ਜਾਂਦਾ ਹੈ।

ਯੂਹੰਨਾ 3:16,17 ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ ਜੀਵਨ ਪ੍ਰਾਪਤ ਕਰੇ।
ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਸੰਸਾਰ ਵਿੱਚ ਇਸ ਲਈ ਨਹੀਂ ਭੇਜਿਆ ਕਿ ਦੋਸ਼ੀ ਠਹਿਰਾਵੇ ਸਗੋਂ ਇਸ ਲਈ ਜੋ ਸੰਸਾਰ ਉਸ ਰਾਹੀਂ ਬਚਾਇਆ ਜਾਵੇ।

1 ਯੂਹੰਨਾ 5:11-13 ਅਤੇ ਉਹ ਗਵਾਹੀ ਇਹ ਹੈ ਕਿ ਪਰਮੇਸ਼ੁਰ ਨੇ ਸਾਨੂੰ ਸਦੀਪਕ ਜੀਵਨ ਦਿੱਤਾ ਅਤੇ ਇਹ ਜੀਵਨ ਉਹ ਦੇ ਪੁੱਤਰ ਦੇ ਵਿੱਚ ਹੈ।
ਜਿਸ ਦੇ ਕੋਲ ਪੁੱਤਰ ਹੈ, ਉਹ ਦੇ ਕੋਲ ਜੀਵਨ ਹੈ। ਜਿਹ ਦੇ ਕੋਲ ਪਰਮੇਸ਼ੁਰ ਦਾ ਪੁੱਤਰ ਨਹੀਂ ਹੈ, ਉਹ ਦੇ ਕੋਲ ਜੀਵਨ ਵੀ ਨਹੀਂ।
ਇਹ ਗੱਲਾਂ ਮੈਂ ਤੁਹਾਨੂੰ ਇਸ ਲਈ ਲਿਖੀਆਂ ਅਰਥਾਤ ਤੁਹਾਨੂੰ ਜਿਹੜੇ ਪਰਮੇਸ਼ੁਰ ਦੇ ਪੁੱਤਰ ਦੇ ਨਾਮ ਉੱਤੇ ਵਿਸ਼ਵਾਸ ਕਰਦੇ ਹੋ ਤਾਂ ਕਿ ਤੁਸੀਂ ਜਾਣੋ ਜੋ ਸਦੀਪਕ ਜੀਵਨ ਤੁਹਾਨੂੰ ਮਿਲਿਆ ਹੈ।

ਮੱਤੀ 8-9; ਮਰਕੁਸ 1-2, 4; ਲੂਕਾ 4, 8; ਯੂਹੰਨਾ 2

Storyline by: Edward D. Hughes

Illustrated by: Byron Unger, Lazarus and Alastair Paterson

Adapted by: E. Frischbutter; Sarah S.

Panjabi, Eastern Bible (pan) PNB-IRV Creative Commons License Indian Revised Version (IRV) - Punjabi (ਭਾਰਤੀ ਸੋਧਿਆ ਹੋਇਆ ਸੰਸਕਰਣ - ਪੰਜਾਬੀ), 2019 by Bridge Connectivity Solutions Pvt. Ltd.

https://live.bible.is/bible/PANDPI/GEN/1

©2026 Bible for Children, Inc.
www.M1914.org www.bibleforchildren.org